ਮਾਝ ਮਹਲਾ ੪ ॥ ਹਉ ਗੁਣ ਗੋਵਿੰਦ ਹਰਿ ਨਾਮੁ ਧਿਆਈ ॥ ਮਿਲਿ ਸੰਗਤਿ ਮਨਿ ਨਾਮੁ ਵਸਾਈ ॥ ਹਰਿ ਪ੍ਰਭ ਅਗਮ ਅਗੋਚਰ ਸੁਆਮੀ ਮਿਲਿ ਸਤਿਗੁਰ ਹਰਿ ਰਸੁ ਕੀਚੈ ਜੀਉ ॥ ੧॥ ਧਨੁ ਧਨੁ ਹਰਿ ਜਨ ਜਿਨਿ ਹਰਿ ਪ੍ਰਭੁ ਜਾਤਾ ॥ ਜਾਇ ਪੁਛਾ ਜਨ ਹਰਿ ਕੀ ਬਾਤਾ ॥ ਪਾਵ ਮਲੋਵਾ ਮਲਿ ਮਲਿ ਧੋਵਾ ਮਿਲਿ ਹਰਿ ਜਨ ਹਰਿ ਰਸੁ ਪੀਚੈ ਜੀਉ ॥ ੨॥ ਸਤਿਗੁਰ ਦਾਤੈ ਨਾਮੁ ਦਿੜਾਇਆ ॥ ਵਡਭਾਗੀ ਗੁਰ ਦਰਸਨੁ ਪਾਇਆ ॥ ਅੰਮ੍ਰਿਤ ਰਸੁ ਸਚੁ ਅੰਮ੍ਰਿਤੁ ਬੋਲੀ ਗੁਰਿ ਪੂਰੈ ਅੰਮ੍ਰਿਤੁ ਲੀਚੈ ਜੀਉ ॥ ੩॥ ਹਰਿ ਸਤਸੰਗਤਿ ਸਤ ਪੁਰਖੁ ਮਿਲਾਈਐ ॥ ਮਿਲਿ ਸਤਸੰਗਤਿ ਹਰਿ ਨਾਮੁ ਧਿਆ ਈਐ ॥ ਨਾਨਕ ਹਰਿ ਕਥਾ ਸੁਣੀ ਮੁਖਿ ਬੋਲੀ ਗੁਰਮਤਿ ਹਰਿ ਨਾਮਿ ਪਰੀਚੈ ਜੀਉ ॥੪॥੬॥ {ਪੰਨਾ 96}

ਪਦਅਰਥ:- ਮਿਲਿ—ਮਿਲ ਕੇ। ਮਨਿ—ਮਨ ਵਿਚ। ਵਸਾਈ—ਵਸਾਈਂ, ਮੈਂ ਵਸਾਵਾਂ। ਹਉ—ਮੈਂ। ਪ੍ਰਭ—ਹੇ ਪ੍ਰਭੂ! ਅਗਮ—ਹੇ ਅਪਹੁੰਚ ਪ੍ਰਭੂ! ਅਗੋਚਰ—ਉਹ ਪ੍ਰਭੂ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਕੀਚੈ—ਕੀਤਾ ਜਾ ਸਕੇ।1।

ਜਿਨ—ਜਿਨ੍ਹਾਂ ਨੇ। ਜਾਤਾ—ਪਛਾਣਿਆ, ਡੂੰਘੀ ਸਾਂਝ ਪਾਈ। ਜਾਇ—ਜਾ ਕੇ। ਪੁਛਾ—ਪੁੱਛਾਂ। ਪਾਵ—{'ਪਾਉ' ਤੋਂ ਬਹੁ-ਵਚਨ} ਪੈਰ। ਮਲੋਵਾ—ਮਲੋਵਾਂ, ਮਲਾਂ। ਮਲਿ—ਮਲ ਕੇ। ਪੀਚੈ—ਪੀਤਾ ਜਾਏ।2।

ਦਾਤੈ—ਦਾਤੇ ਨੇ। ਦਿੜਾਇਆ—(ਹਿਰਦੇ ਵਿਚ) ਪੱਕਾ ਕਰ ਦਿੱਤਾ। ਸਚੁ—ਸਦਾ-ਥਿਰ ਰਹਿਣ ਵਾਲਾ। ਬੋਲੀ—ਬੋਲੀਂ, ਮੈਂ ਬੋਲਾਂ। ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ। ਲੀਚੈ—ਲਿਆ ਜਾ ਸਕਦਾ ਹੈ।3।

ਹਰਿ—ਹੇ ਹਰੀ! ਧਿਆਈਐ—ਧਿਆਇਆ ਜਾ ਸਕਦਾ ਹੈ। ਸੁਣੀ—ਮੈਂ ਸੁਣਾਂ। ਬੋਲੀ—ਮੈਂ ਬੋਲਾਂ। ਪਰੀਚੈ—ਪਰੀਚਦਾ ਹੈ।4।

ਅਰਥ:- (ਮੇਰੀ ਅਰਦਾਸਿ ਹੈ ਕਿ) ਮੈਂ ਗੋਬਿੰਦ ਦੇ ਗੁਣ ਗਾਵਾਂ, ਮੈਂ ਹਰੀ ਦਾ ਨਾਮ ਸਿਮਰਾਂ, ਤੇ ਸਾਧ ਸੰਗਤਿ ਵਿਚ ਮਿਲ ਕੇ ਮੈਂ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਵਾਂ। ਹੇ ਹਰੀ! ਹੇ ਪ੍ਰਭੂ! ਹੇ ਅਪਹੁੰਚ (ਪ੍ਰਭੂ)! ਹੇ ਅਗੋਚਰ (ਪ੍ਰਭੂ)! ਹੇ ਸੁਆਮੀ! (ਜੇ ਤੇਰੀ ਮਿਹਰ ਹੋਵੇ ਤਾਂ) ਸਤਿਗੁਰੂ ਨੂੰ ਮਿਲ ਕੇ ਤੇਰੇ ਨਾਮ ਦਾ ਆਨੰਦ ਮਾਣਿਆ ਜਾ ਸਕਦਾ ਹੈ।1।

ਭਾਗਾਂ ਵਾਲੇ ਹਨ ਪਰਮਾਤਮਾ ਦੇ ਉਹ ਸੇਵਕ ਜਿਨ੍ਹਾਂ ਨੇ ਹਰਿ-ਪ੍ਰਭੂ ਨਾਲ ਡੂੰਘੀ ਸਾਂਝ ਪਾ ਰੱਖੀ ਹੈ। (ਮੇਰਾ ਜੀ ਲੋਚਦਾ ਹੈ ਕਿ) ਮੈਂ ਉਹਨਾਂ ਹਰਿ-ਜਨਾਂ ਕੋਲ ਜਾ ਕੇ ਹਰੀ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਪੁੱਛਾਂ। ਮੈ ਉਹਨਾਂ ਦੇ ਪੈਰ ਘੁੱਟਾਂ, (ਉਹਨਾਂ ਦੇ ਪੈਰ) ਮਲ ਮਲ ਕੇ ਧੋਵਾਂ। ਹਰੀ ਦੇ ਸੇਵਕਾਂ ਨੂੰ ਹੀ ਮਿਲ ਕੇ ਹਰੀ ਦਾ ਨਾਮ-ਰਸ ਪੀਤਾ ਜਾ ਸਕਦਾ ਹੈ।2।

(ਨਾਮ ਦੀ ਦਾਤਿ) ਦੇਣ ਵਾਲੇ ਸਤਿਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ, ਵੱਡੇ ਭਾਗਾਂ ਨਾਲ ਮੈਨੂੰ ਗੁਰੂ ਦਾ ਦਰਸ਼ਨ ਪ੍ਰਾਪਤ ਹੋਇਆ। ਹੁਣ ਮੈਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਮਾਣਦਾ ਹਾਂ ਤੇ ਸਦਾ ਕਾਇਮ ਰਹਿਣ ਵਾਲਾ ਅੰਮ੍ਰਿਤ ਨਾਮ (ਮੂੰਹੋਂ) ਉਚਾਰਦਾ ਹਾਂ। ਪੂਰੇ ਗੁਰੂ ਦੀ ਰਾਹੀਂ (ਹੀ) ਇਹ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਲਿਆ ਜਾ ਸਕਦਾ ਹੈ।3।

ਹੇ ਹਰੀ! ਮੈਨੂੰ ਸਾਧ ਸੰਗਤਿ ਮਿਲਾ, ਮੈਨੂੰ ਸਤਿਗੁਰੂ ਮਿਲਾ। ਸਾਧ ਸੰਗਤਿ ਵਿਚ ਮਿਲ ਕੇ ਹੀ ਹਰਿ-ਨਾਮ ਸਿਮਰਿਆ ਜਾ ਸਕਦਾ ਹੈ। ਹੇ ਨਾਨਕ! (ਅਰਦਾਸ ਕਰ ਕਿ ਸਾਧ ਸੰਗਤਿ ਵਿਚ ਮਿਲ ਕੇ ਗੁਰੂ ਦੀ ਸਰਨ ਪੈ ਕੇ) ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਦਾ ਰਹਾਂ ਤੇ ਮੂੰਹੋਂ ਬੋਲਦਾ ਰਹਾਂ। ਗੁਰੂ ਦੀ ਮਤਿ ਲੈ ਕੇ (ਮਨ) ਪਰਮਾਤਮਾ ਦੇ ਨਾਮ ਵਿਚ ਪਰਚਿਆ ਰਹਿੰਦਾ ਹੈ।4।6।